ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਸੇਫ ਵਾਹਨ ਪਾਲਿਸੀ ਨੂੰ ਇੰਨ-ਬਿੰਨ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

ਸੜਕੀ ਆਵਾਜਾਈ ਨੂੰ ਬਿਹਤਰ ਬਣਾਉਣ ਅਤੇ ਹੋਣ ਵਾਲੀਆਂ ਦੁਰਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ

ਤਰਨਤਾਰਨ, 25 ਸਤੰਬਰ :

ਜ਼ਿਲ੍ਹੇ ਵਿੱਚ ਸੜਕੀ ਆਵਾਜਾਈ ਨੂੰ ਬਿਹਤਰ ਬਣਾਉਣ ਅਤੇ ਹੋਣ ਵਾਲੀਆਂ ਦੁਰਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ, ਐਸ.ਡੀ.ਐਮ. ਤਰਨਤਾਰਨ ਡਾ. ਅਮਨਦੀਪ ਕੌਰ, ਐਸ.ਡੀ.ਐਮ. ਪੱਟੀ ਸ੍ਰੀ. ਸੁਰਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਨਿਰਮਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਬਲਬੀਰ ਸਿੰਘ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।



ਮੀਟਿੰਗ ਦੌਰਾਨ ਸੜਕੀ ਦੁਰਘਟਨਾਵਾਂ ’ਤੇ ਚਿੰਤਾ ਪ੍ਰਗਟ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਸੇਫ ਵਾਹਨ ਪਾਲਿਸੀ ਨੂੰ ਇੰਨ-ਬਿੰਨ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੇ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ

ਟ੍ਰਾਂਸਪੋਰਟ ਵਿਭਾਗ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਮੁੱਖ ਸੜਕਾਂ 'ਤੇ ਟ੍ਰੈਫਿਕ ਦੀ ਚੈਕਿੰਗ ਦੌਰਾਨ ਓਵਰਲੋਡ ਤੇ ਤੇਜ਼ ਰਫ਼ਤਾਰ ਦਾ ਖ਼ਾਸ ਧਿਆਨ ਰੱਖਿਆ ਜਾਵੇ ਅਤੇ ਇਸ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਮੁੱਖ ਸੜਕਾਂ 'ਤੇ ਸਪੀਡ ਲਿਮਟ ਨੋਟੀਫਾਈ ਕੀਤੀਆਂ ਜਾ ਰਹੀਆਂ ਹਨ ਤੇ ਇਸ ਸਬੰਧੀ ਜਾਣਕਾਰੀ ਹਿੱਤ ਬੋਰਡ ਵੀ ਲਗਾਏ ਜਾਣਗੇ ਤਾਂ ਜੋ ਵਾਹਨ ਚਾਲਕਾਂ ਨੂੰ ਪਤਾ ਲੱਗ ਸਕੇ ਕਿ ਕਿਸ ਗਤੀ ਨਾਲ ਵਾਹਨ ਚਲਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਖ਼ਤਕਨਾਕ ਮੋੜਾਂ 'ਤੇ ਵੀ ਜਾਣਕਾਰੀ ਲਈ ਬੋਰਡ ਲਗਾਏ ਜਾਣਗੇ।

ਇਸ ਮੌਕੇ ਉਨ੍ਹਾਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸ਼ਰਾਬ ਪੀ ਕੇ ਵਾਹਨ ਚਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਅਲਕੋਹਲ ਮੀਟਰ ਰਾਹੀਂ ਵਾਹਨ ਚਾਲਕਾਂ ਦੀ ਚੈਕਿੰਗ ਕਰਨੀ ਵੀ ਯਕੀਨੀ ਬਣਾਈ ਜਾਵੇ। ਜੇਕਰ ਕੋਈ ਸ਼ਰਾਬ ਪੀ ਕੇ ਵਾਹਨ ਚਲਾਉਦਾ ਪਾਇਆ ਜਾਂਦਾ ਹੈ ਤਾਂ ਉਸਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

ਇਸ ਮੌਕੇ ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਕਿਹਾ ਕਿ ਸੇਫ ਵਾਹਨ ਪਾਲਿਸੀ ਤਹਿਤ ਸਕੂਲੀ ਬੱਸਾਂ ਦੀ ਸਮੇਂ-ਸਮੇਂ ਚੈਕਿੰਗ ਕਰਨੀ ਯਕੀਨੀ ਬਣਾਈ ਜਾਵੇ। ਸਕੂਲੀ ਬੱਸਾਂ ਵਿੱਚ ਸਪੀਡ ਗਵਰਨਰ ਲਗਾਉਣੇ ਯਕੀਨੀ ਬਣਾਏ ਜਾਣ। ਉਨ੍ਹਾਂ ਇਹ ਵੀ ਕਿਹਾ ਕਿ ਸਕੂਲੀ ਬੱਸਾਂ ਦੇ ਡਰਾਈਵਰਾਂ ਵੱਲੋਂ ਡਰਾਈਵਿੰਗ ਕਰਦੇ ਸਮੇਂ ਮੋਬਾਈਲ ਦੀ ਵਰਤੋਂ ਨਾ ਕੀਤੀ ਜਾਵੇ, ਅਜਿਹਾ ਕਰਨਾ ਸਕੂਲ ਮੁੱਖੀਆ ਵੱਲੋਂ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਜ਼ਿਲ੍ਹੇ ਦੀਆਂ ਲਿੰਕ ਸੜਕਾਂ ਦੇ ਬਰਮ ਮਜ਼ਬੂਤ ਕੀਤੇ ਜਾਣ ਅਤੇ ਬਰਮਾਂ ਤੋਂ ਨਜ਼ਾਇਜ਼ ਕਬਜ਼ੇ ਛੁਡਾਏ ਜਾਣ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਆਵਾਜਾਈ ਨੂੰ ਬਿਹਤਰ ਬਣਾਉਣ ਦੇ ਲਈ ਸੜਕਾਂ 'ਤੇ ਕੀਤੇ ਗਏ ਨਜ਼ਾਇਜ਼ ਹਟਾਏ ਜਾਣਗੇ।

----------------------------